ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ..........................
Date ........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

**<u>ਹੁਕਮ</u>**

ਜਦੋਂ ਕਿ ਵਿਸ਼ਵ ਸਿਹਤ ਸੰਗਠਨ (ਡਬਲਯੂ.ਐਚ.ਓ) ਵਲੋਂ ਕੋਵੀਡ-19 ਨੂੰ ਪਹਿਲਾਂ ਹੀ ਮਹਾਂਮਾਰੀ ਘੋਸ਼ਿਤ ਕੀਤਾ ਜਾ ਚੁਕਾ ਹੈ ਅਤੇ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਵਲੋਂ ਵੀ ਕੋਵਿਡ -19 ਮਹਾਂਮਾਰੀ ਨੂੰ ਦੇਸ਼ ਲਈ ਖਤਰਾ ਮੰਨਦੇ ਹੋਏ ਪੂਰੇ ਦੇਸ਼ ਵਿੱਚ ਤਾਲਾਬੰਦੀ (ਲਾਕਡਾਊਨ) ਦਾ ਐਲਾਨ ਕੀਤਾ ਜਾ ਚੁੱਕਾ ਹੈ। ਕੋਵਿਡ-19 ਮਹਾਮਾਰੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ National Disaster Management Act, 2005, ਅਤੇ Epidemic Diseases Act, 1897 ਪਹਿਲਾਂ ਹੀ ਇਨਵੋਕ ਕੀਤਾ ਜਾ ਚੁੱਕਾ ਹੈ। ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ।

ਮੈਂ, ਵਰਿੰਦਰ ਕੁਮਾਰ ਸ਼ਰਮਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਜਲੰਧਰ ਸੀ.ਆਰ.ਪੀ.ਸੀ 1973 ਦੀ ਧਾਰਾ 144 ਤਹਿਤ ਪ੍ਰਾਪਤ ਹੋਏ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠ ਲਿਖੇ ਅਨੁਸਾਰ ਛੋਟ ਦਿੰਦਾ ਹਾਂ:-

***ਇਹ ਹੁਕਮ Containment Zones ਵਿੱਚ ਲਾਗੂ ਨਹੀਂ ਹੋਣਗੇ। Containment Zones ਵਿੱਚ ਜੇਕਰ ਕੋਈ ਦੁਕਾਨ ਖੋਲੇਗਾ ਤਾਂ ਉਸ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।***

1. ਪੇਂਡੂ ਖੇਤਰਾਂ ਵਿਚ, Shop & Establishment Act ਤਹਿਤ ਰਜਿਸਟਰਡ ਦੁਕਾਨਾਂ ਨੂੰ 50 ਪ੍ਰਤੀਸ਼ਤ ਕਾਮਿਆਂ ਦੇ ਨਾਲ ਸਵੇਰੇ 7am ਤੋਂ ਸਵੇਰੇ 11am ਤੱਕ ਖੁਲ੍ਹਣ ਦੀ ਆਗਿਆ ਹੋਵੇਗੀ। ਪਰੰਤੂ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਪੇਂਡੂ ਖੇਤਰਾਂ ਵਿੱਚ Multi Brand ਅਤੇ Single Brand ਮਾਲ ਨੂੰ ਖੁਲ੍ਹਣ ਦੀ ਆਗਿਆ ਨਹੀਂ ਹੋਵੇਗੀ ਭਾਵ ਉਹ ਬੰਦ ਰਹਿਣਗੇ।
2. ਸ਼ਹਿਰੀ ਖੇਤਰ ਵਿੱਚ ਕਿਸੇ ਵੀ ਬਜਾਰ/ਮਾਰਕੀਟ ਜਾਂ ਮਾਰਕੀਟ ਕੰਪਲੈਕਸ ਨੂੰ ਖੋਲ੍ਹਣ ਦੀ ਇਜਾਜਤ ਨਹੀਂ ਹੋਵੇਗੀ। ਪਰੰਤੂ ਸ਼ਹਿਰੀ ਖੇਤਰਾਂ ਵਿੱਚ Stand alone ਦੁਕਾਨਾਂ, Neighbourhood ਦੁਕਾਨਾਂ ਅਤੇ ਰਿਹਾਇਸ਼ੀ ਕਲੋਨੀਆਂ ਅਤੇ ਗੇਟਡ ਕਲੋਨੀਆਂ ਜਾਂ ਵਿਹੜਿਆਂ ਵਿੱਚ ਇਕਲੀਆਂ-ਇਕਲੀਆਂ ਦੁਕਾਨਾਂ ਨੂੰ ਸਵੇਰੇ 7am ਤੋਂ ਸਵੇਰੇ 11am ਤੱਕ ਖੁਲ੍ਹਣ ਦੀ ਆਗਿਆ ਹੋਵੇਗੀ। ਇਹ ਕੇਵਲ ਉਹ ਦੁਕਾਨਾਂ ਹੋਣਗੀਆਂ ਜਿਹੜੀਆਂ ਕਿ ਵਸਤੂਆਂ (Goods) ਵੇਚਦੀਆਂ ਹਨ। ਇਸ ਤੋਂ ਇਲਾਵਾ ਸੇਵਾ ਦੇਣ ਵਾਲੀਆਂ ਦੁਕਾਨਾਂ ਜਿਵੇਂ ਕਿ ਸੈਲੂਨ, ਨਾਈ ਦੀਆਂ ਦੁਕਾਨਾਂ, ਬਿਊਟੀ ਪਾਰਲਰ ਆਦਿ ਵਾਲੀਆਂ ਦੁਕਾਨਾਂ ਬੰਦ ਰਹਿਣਗੀਆਂ। ਇਸ ਤੋਂ ਭਾਵ ਹੈ ਕਿ ਅਗਰ ਕਿਸੇ ਦੁਕਾਨ ਦੇ ਸਜੇ-ਖੱਬੇ ਕੋਈ ਹੋਰ ਦੁਕਾਨ ਨਹੀਂ ਤਾਂ ਉਸ ਨੂੰ Stand alone ਦੁਕਾਨ ਮੰਨਿਆ ਜਾਵੇਗਾ ਅਤੇ ਉਸਨੂੰ ਖੋਲ੍ਹਣ ਦੀ ਇਜਾਜਤ ਹੋਵੇਗੀ। ਇੱਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਸ਼ਹਿਰਾ ਦੇ ਬਜਾਰਾਂ ਵਿੱਚ ਜਿਥੇ ਇੱਕ ਦੂਜੇ ਨਾਲ ਜੁੜੀਆਂ ਹੋਈਆਂ ਦੁਕਾਨਾਂ ਹਨ ਅਜਿਹੀਆਂ ਦੁਕਾਨਾਂ ਅਤੇ ਬਜਾਰਾਂ ਨੂੰ ਖੋਲ੍ਹਣ ਦੀ ਆਗਿਆ ਨਹੀਂ ਹੋਵੇਗੀ। ਇਸ ਤੋਂ ਇਲਾਵਾ ਸ਼ਹਿਰਾਂ ਵਿੱਚ ਕਿਸੇ ਵੀ ਮਾਲ ਅਤੇ ਮਲਟੀਪਲੈਕਸ ਨੂੰ ਖੋਲ੍ਹਣ ਦੀ ਆਗਿਆ ਨਹੀਂ ਹੋਵੇਗੀ।
3. ਈ-ਕਾਮਰਸ ਕੰਪਨੀਆਂ ਨੂੰ ਸਿਰਫ ਜਰੂਰੀ ਵਸਤਾਂ (Essential Goods) ਘਰ-ਘਰ ਵੇਚਣ (Home delivery) ਦੀ ਆਗਿਆ ਹੋਵੇਗੀ।
4. ਸ਼ਰਾਬ ਦੇ ਠੇਕੇ ਅਤੇ ਦੁਕਾਨਾਂ ਖੋਲ੍ਹਣ ਤੇ ਪਾਬੰਦੀ ਹੋਵੇਗੀ।
5. ਹਰ ਦੁਕਾਨਦਾਰ ਇਹ ਯਕੀਨੀ ਬਣਾਏਗਾ ਕਿ ਦੁਕਾਨ ਦੇ ਬਾਹਰ ਚਿੱਟੇ ਰੰਗ ਦੇ ਗੋਲੇ ਬਣਾਏ ਗਏ ਹੋਣ ਤਾਂ ਜੋ ਸਮਾਜਿਕ ਦੂਰੀ (Social Distance) ਸਬੰਧੀ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਿਕ ਘੱਟੋ-ਘੱਟ 2 ਵਿਅਕਤੀਆਂ ਵਿਚਕਾਰ 1.5 ਮੀਟਰ ਦਾ ਫਾਸਲਾ ਰੱਖਿਆ ਜਾਵੇ ਤਾਂ ਜੋ ਕਰੋਨਾ ਵਾਇਰਸ ਦੀ ਬਿਮਾਰੀ ਨਾ ਫੈਲ ਸਕੇ। ਸਾਰੇ ਦੁਕਾਨਦਾਰ ਅਤੇ ਦੁਕਾਨ ਤੇ ਕੰਮ ਕਰਦੇ ਵਿਅਕਤੀਆਂ ਵਲੋਂ ਮਾਸਕ ਅਤੇ ਸੈਨੀਟਾਈਜਰ ਦਾ ਇਸਤੇਮਾਲ ਕਰਨਾ ਅਤੇ ਸਮੇਂ-ਸਮੇਂ ਤੇ ਕੋਵੀਡ-19 ਸਬੰਧੀ ਪ੍ਰਾਪਤ ਹੋਈਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਉਗੇ।
6. ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਜਿਵੇਂ ਕਿ ਥੋਕ ਅਤੇ ਪਰਚੂਨ ਕੈਮਿਸਟਾਂ ਦੀਆਂ ਦੁਕਾਨਾਂ ਨੂੰ ਇਸ ਦਫਤਰ ਪਿੱਠ ਅੰਕਣ ਨੰ. 6193-6210/ਐਮ.ਸੀ.4/ਐਮ.ਏ ਮਿਤੀ- 16.04.2020 ਅਤੇ ਥੋਕ ਕਰਿਆਨੇ ਦੀਆਂ ਮੰਡੀ ਫੈਨਟਨ ਗੰਜ ਵਿੱਚ ਸਥਿਤ ਦੁਕਾਨਾਂ ਸਬੰਧੀ ਇਸ ਦਫਤਰ ਦੇ ਪਿੱਠ ਅੰਕਣ ਨੰ. 5618-29/ਐਮ.ਸੀ.4/ਐਮ.ਏ ਮਿਤੀ- 08.04.2020 ਰਾਹੀਂ ਜੋ ਪਹਿਲਾਂ ਆਗਿਆ ਦਿੱਤੀ ਗਈ ਸੀ ਉਹ ਜਾਰੀ ਰਹੇਗੀ ਅਤੇ ਉਨ੍ਹਾਂ ਦੇ ਸਮੇਂ ਵਿੱਚ ਇਨ੍ਹਾਂ ਹੁਕਮਾਂ ਨਾਲ ਕੋਈ ਅਸਰ ਨਹੀਂ ਹੋਵੇਗਾ ਭਾਵ ਉਨ੍ਹਾਂ ਨੂੰ ਖੁਲ੍ਹਣ ਲਈ ਜੋ ਪਹਿਲਾਂ ਸਮਾਂ ਦਿੱਤਾ ਗਿਆ ਸੀ ਉਹ ਉਸ ਅਨੁਸਾਰ ਹੀ ਖੁਲ੍ਹਣਗੀਆਂ।

ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ..........................
Date ........................

Phone :0181-2224783(O)
:0181-2459664(R)
Fax: :0181-2224727
Email: dc.jal@punjabmail.gov.in

7. ਪਰਿਵਾਰ ਦੇ ਸਿਰਫ ਇਕ ਮੈਂਬਰ ਨੂੰ ਹੀ ਜਰੂਰੀ ਵਸਤਾਂ ਖਰੀਦਣ ਲਈ ਸਵੇਰੇ 7am ਵਜੇ ਤੋਂ 11am ਵਜੇ ਤੱਕ ਘਰ ਤੋਂ ਬਾਹਰ ਪੈਦਲ ਜਾਣ ਦੀ ਆਗਿਆ ਹੋਵੇਗੀ। ਜੇਕਰ ਕੋਈ ਵਿਅਕਤੀ ਪੈਦਲ ਦੀ ਥਾਂ ਕੋਈ ਵਹੀਕਲ ਲੈਕੇ ਸਮਾਨ ਲੈਣ ਜਾਂਦਾ ਹੈ ਤਾਂ ਉਸ ਦਾ ਵਹੀਕਲ ਜਬਤ ਕਰ ਲਿਆ ਜਾਵੇਗਾ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਹ ਮੈਂਬਰ ਮਾਸਕ ਪਾ ਕੇ ਹੀ ਘਰ ਤੋਂ ਬਾਹਰ ਨਿਕਲੇਗਾ ਅਤੇ ਸਮਾਜਿਕ ਦੂਰੀ ਦੀ ਪਾਲਨਾ ਨੂੰ ਯਕੀਨੀ ਬਣਾਏਗਾ।

ਦੁਬਾਰਾ ਤੋਂ ਸਪਸ਼ਟ ਕੀਤਾ ਜਾਂਦਾ ਹੈ ਕਿ ਇਨ੍ਹਾਂ ਹੁਕਮਾਂ ਦਾ Containment Zones ਵਿੱਚ ਕੋਈ ਅਸਰ ਨਹੀਂ ਪਵੇਗਾ। ਜੇਕਰ ਵਖਰੇ ਤੋਰ ਤੇ ਜਾਰੀ ਕੀਤੇ ਗਏ Containment Zones ਵਿੱਚ ਕੋਈ ਦੁਕਾਨ ਖੋਲਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

**ਜਿਲ੍ਹਾ ਮੈਜਿਸਟਰੇਟ,**
**ਜਲੰਧਰ।**

**ਪਿੱਠ ਅੰਕਣ ਨੰ. 7263-7275 /ਐਮ.ਸੀ.4/ਐਮ.ਏ ਮਿਤੀ- 30.04.2020**

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਪ੍ਰਮੁੱਖ ਸਕੱਤਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ, ਪੰਜਾਬ
3. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
4. ਕਮਿਸ਼ਨਰ ਆਫ ਪੁਲਿਸ ਜਲੰਧਰ
5. ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
6. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ
7. ਜਿਲ੍ਹਾ ਲੋਕ ਸਪੰਰਕ ਅਫਸਰ, ਜਲੰਧਰ
8. ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

**ਵਾ. ਜਿਲ੍ਹਾ ਮੈਜਿਸਟਰੇਟ,**
**ਜਲੰਧਰ।**